# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :28-08-2026**

ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਅੰਮ੍ਰਿਤਸਰ ਜ਼ਿਲ੍ਹੇ ਦੇ ਬਾਬਾ ਬਕਾਲਾ ਦੇ ਪਿੰਡ ਉਮਰਾ ਨੰਗਲ ਵਿਖੇ 'ਕਿਸਾਨ ਚੌਪਾਲ' ਵਿੱਚ ਹਿੱਸਾ ਲੈਣ ਅਤੇ ਰੱਖੜੀ ਦੇ ਮੌਕੇ 'ਤੇ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਪੰਜਾਬ ਪਹੁੰਚੇ ਨੇ । ਸਾਡੇ ਪੱਤਰਕਾਰ ਨੇ ਦਸਿਆ ਕਿ ਕਿ ਸ੍ਰੀ ਚੌਹਾਨ ਨੇ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ ਅਤੇ ਪੰਜਾਬ ਤੇ ਦੇਸ਼ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਨੇ ਹਰਿਮੰਦਰ ਸਾਹਿਬ ਵਿਖੇ 'ਸੇਵਾ' ਵੀ ਕੀਤੀ। 'ਕਿਸਾਨ ਚੌਪਾਲ' ਵਿਖੇ ਕਿਸਾਨਾਂ ਨੂੰ ਮਿਲਣ ਤੋਂ ਪਹਿਲਾਂ ਉਹ 'ਰੱਖੜ ਪੁਨਿਆ ' ਦੇ ਮੌਕੇ 'ਤੇ ਗੁਰਦੁਆਰਾ ਬਾਬਾ ਬਕਾਲਾ ਵਿਖੇ ਵੀ ਮੱਥਾ ਟੇਕਣਗੇ। 'ਰੱਖੜ ਪੁਨਿਆ ' ਹਰ ਸਾਲ ਬਾਬਾ ਬਕਾਲਾ ਵਿਖੇ ਮਨਾਇਆ ਜਾਣ ਵਾਲਾ ਇੱਕ ਤਿਉਹਾਰ ਏ  ਜੋ ਸਿਰਫ਼ ਰੱਖੜੀ ਦੀ ਰਿਵਾਇਤ ਤੱਕ ਹੀ ਸੀਮਿਤ ਨਹੀਂ ਏ ਸਗੋਂ ਸਿੱਖ ਧਰਮ ਦੇ ਮਾਣਮੱਤੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਥਾਂ ਰੱਖਦਾ ਏ ਕਿਉਂਕਿ ਧਾਰਮਿਕ ਤੌਰ 'ਤੇ ਇਹ ਇਤਿਹਾਸਕ ਸਥਾਨ ਨੌਵੇਂ ਸਿੱਖ ਗੁਰੂ, ਸ੍ਰੀ ਗੁਰੂ ਤੇਗ

ਬਹਾਦਰ ਜੀ ਨਾਲ ਸਬੰਧਤ ਏ । ਕੇਂਦਰੀ ਮੰਤਰੀ ਇਸ ਮੌਕੇ ਇੱਕ ਜਨਤਕ ਪ੍ਰੋਗਰਾਮ ਨੂੰ ਸੰਬੋਧਨ ਕਰਨ ਦੀ ਸੰਭਾਵਨਾ ਏ ।

---------------------------------------------------------------

ਅੱਜ ਦੇਸ਼ ਭਰ ਵਿੱਚ ਰੱਖੜੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਸ ਮੌਕੇ 'ਤੇ, ਭੈਣਾਂ ਆਪਣੇ ਭਰਾਵਾਂ ਦੇ ਗੁੱਟ 'ਤੇ ਰੰਗ-ਬਿਰੰਗੀਆਂ ਰੱਖੜੀਆਂ ਬੰਨ੍ਹਦੀਆਂ ਨੇ ਅਤੇ ਉਨ੍ਹਾਂ ਦੀ ਚੰਗੀ ਸਿਹਤ ਅਤੇ ਖੁਸ਼ਹਾਲੀ ਲਈ ਕਾਮਨਾ ਕਰਦੀਆਂ ਨੇ ਅਤੇ  ਭਰਾ ਆਪਣੀਆਂ ਭੈਣਾਂ ਦੀ ਰੱਖਿਆ ਅਤੇ ਸਮਰਥਨ ਕਰਨ ਦਾ ਵਾਅਦਾ ਕਰਦੇ ਹਨ ਅਤੇ ਉਨ੍ਹਾਂ ਨੂੰ ਤੋਹਫ਼ੇ ਦਿੰਦੇ ਨੇ ।

BYTE

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਰੱਖੜੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ । ਰਾਸ਼ਟਰਪਤੀ ਨੇ ਕਿਹਾ ਕਿ ਰੱਖੜੀ ਦਾ ਤਿਉਹਾਰ ਪ੍ਰਾਚੀਨ ਸਮੇਂ ਤੋਂ ਦੇਸ਼ ਦੇ ਸਭਿਆਚਾਰ ਅਤੇ ਰਿਵਾਇਤ ਦਾ ਇੱਕ ਮਹੱਤਵਪੂਰਨ ਹਿੱਸਾ ਰਿਹਾ ਏ । ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਾਨੂੰ ਯਾਦ ਦਿਵਾਉਂਦਾ ਏ ਕਿ ਹਰ ਰਿਸ਼ਤਾ ਵਿਸ਼ਵਾਸ, ਸੰਵੇਦਨਸ਼ੀਲਤਾ ਅਤੇ ਆਪਸੀ ਸਹਾਇਤਾ 'ਤੇ ਅਧਾਰਤ ਹੁੰਦਾ ਏ ।   ਪ੍ਰਧਾਨ ਮੰਤਰੀ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ ਉਮੀਦ ਪ੍ਰਗਟ ਕੀਤੀ ਕਿ ਰੱਖੜੀ ਦਾ ਤਿਉਹਾਰ ਸਾਰਿਆਂ ਦੇ ਜੀਵਨ ਵਿੱਚ ਖੁਸ਼ਹਾਲੀ ਅਤੇ ਸਫਲਤਾ ਲਿਆਵੇ। ਉਨ੍ਹਾਂ ਕਾਮਨਾ

ਕੀਤੀ ਕਿ ਪਿਆਰ, ਸਨੇਹ ਅਤੇ ਆਪਸੀ ਵਿਸ਼ਵਾਸ ਦਾ ਇਹ ਰਿਸ਼ਤਾ ਹਮੇਸ਼ਾ ਮਜ਼ਬੂਤ ਅਤੇ ਅਟੁੱਟ ਰਹੇ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵੀ ਰੱਖੜੀ ਦੇ ਤਿਓਹਾਰ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ ।

----------------------------------------------------------------

ਪੰਜਾਬ ਜੇਲ੍ਹ ਵਿਭਾਗ ਨੇ ਜੇਲ੍ਹ ਕੈਦੀਆਂ ਨੂੰ ਭਰਾਵਾਂ ਅਤੇ ਭੈਣਾਂ ਦੇ ਪਿਆਰ ਅਤੇ ਸਤਿਕਾਰ ਦਾ ਤਿਉਹਾਰ, ਰੱਖੜੀ ਮਨਾਉਣ ਦੀ ਇਜਾਜ਼ਤ ਦੇ ਦਿੱਤੀ ਏ । ਵਿਭਾਗ ਨੇ ਸੂਬੇ ਦੀਆਂ ਸਾਰੀਆਂ ਜੇਲ੍ਹਾਂ ਵਿੱਚ ਪ੍ਰਬੰਧ ਕੀਤੇ ਨੇ ਅਤੇ ਕੈਦੀਆਂ ਦੀਆਂ ਭੈਣਾਂ ਅਤੇ ਭਰਾਵਾਂ ਨੂੰ ਆਪਣੇ ਭੈਣਾਂ-ਭਰਾਵਾਂ ਨੂੰ ਰੱਖੜੀ ਬੰਨ੍ਹਣ ਦੀ ਇਜਾਜ਼ਤ ਦਿੱਤੀ ਏ । ਇਸ ਦੇ ਨਾਲ ਹੀ, ਸੁਰੱਖਿਆ ਦਾ ਵੀ ਧਿਆਨ ਰੱਖਿਆ ਗਿਆ ਏ ਜਦੋਂ ਕਿ ਪਰਿਵਾਰਕ ਮੈਂਬਰਾਂ ਨੂੰ ਤਿਉਹਾਰ ਮਨਾਉਣ ਲਈ ਆਸਾਨ ਪਹੁੰਚ ਦਿੱਤੀ ਗਈ ਏ । ਓਧਰ ਪਠਾਨਕੋਟ ਸਬ ਜੇਲ੍ਹ ਦੇ ਡਿਪਟੀ ਸੁਪਰਡੈਂਟ ਹਿਮਾਂਸ਼ੂ ਗੋਇਲ ਨੇ ਸਬ ਜੇਲ੍ਹ ਵਿੱਚ ਰੱਖੜੀ ਦਾ ਤਿਉਹਾਰ ਮਨਾਏ ਜਾਣ ਬਾਰੇ ਦਸਿਆ ।

BYTE

----------------------------------------------------------------

ਓਧਰ ਸਰਹੱਦੀ ਲੋਕ ਸੇਵਾ ਸਮਿਤੀ ਪੰਜਾਬ ਵੱਲੋਂ ਰੱਖੜੀ ਦਾ ਪਵਿੱਤਰ ਤਿਉਹਾਰ ਭਾਰਤ-ਪਾਕਿਸਤਾਨ ਸਰਹੱਦ ’ਤੇ ਦੇਸ਼ ਦੀ ਰੱਖਿਆ ਲਈ ਤਾਇਨਾਤ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨਾਲ ਉਤਸ਼ਾਹ ਨਾਲ

ਮਨਾਇਆ । ਸਰਹੱਦੀ ਲੋਕ ਸੇਵਾ ਸਮਿਤੀ ਦੇ ਪ੍ਰਾਂਤ ਮੰਤਰੀ ਨੀਰਜ ਕੁਮਾਰ ਢੋਲਾ ਨੇ ਦਸਿਆ ਕਿ ਸੰਸਥਾ ਦੇ ਅਹੁਦੇਦਾਰਾਂ, ਮੈਂਬਰਾਂ, ਮਾਤਾਵਾਂ ਅਤੇ ਭੈਣਾਂ ਨੇ ਸਰਹੱਦੀ ਚੌਕੀਆਂ ਅਤੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਕੰਪਲੈਕਸ ਵਿਖੇ ਪਹੁੰਚ ਕੇ ਜਵਾਨਾਂ ਨੂੰ ਰੱਖੜੀ ਬੰਨ੍ਹੀ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ। ਅਤੇ BSF ਜਵਾਨਾਂ ਦੀ ਲੰਬੀ ਉਮਰ, ਚੰਗੀ ਸਿਹਤ ਅਤੇ ਦੇਸ਼ ਦੀ ਰੱਖਿਆ ਕਰਦਿਆਂ ਸਦਾ ਸੁਰੱਖਿਅਤ ਰਹਿਣ ਦੀ ਕਾਮਨਾ ਕੀਤੀ।

-----------------------------------------------------------------

ਸਰਕਾਰ ਨੇ ਸੋਸ਼ਲ ਮੀਡੀਆ 'ਤੇ ਪ੍ਰਸਾਰਿਤ ਹੋ ਰਹੇ ਇੱਕ ਜਾਅਲੀ ਵੀਡੀਓ ਦਾ ਖੰਡਨ ਕੀਤਾ ਏ ਜਿਸ ਵਿੱਚ ਝੂਠਾ ਦਾਅਵਾ ਕੀਤਾ ਗਿਆ ਏ ਕਿ ਭਾਖੜਾ ਨੰਗਲ ਡੈਮ ਦੀ ਕੰਧ 1.77 ਇੰਚ ਝੁਕ ਗਈ ਏ ।

ਵੀਡੀਓ ਵਿੱਚ ਇਹ ਗੁੰਮਰਾਹਕੁੰਨ ਦਾਅਵਾ ਕੀਤਾ ਗਿਆ ਏ ਕਿ ਡੈਮ ਵਿੱਚ ਪਾੜ ਕਾਰਨ ਦਿੱਲੀ ਸਮੇਤ ਕਈ ਸ਼ਹਿਰਾਂ ਵਿੱਚ ਹੜ੍ਹ ਆ ਸਕਦੇ ਨੇ । ਪੱਤਰ ਸੂਚਨਾ ਬਿਊਰੋ-PIB ਦੀ ਤੱਥਾਂ ਦੀ ਜਾਂਚ ਬਾਰੇ ਇਕਾਈ ਨੇ ਸਪੱਸ਼ਟ ਕੀਤਾ ਏ ਕਿ ਇਹ ਦਾਅਵਾ ਝੂਠਾ ਏ । PIB ਦਾ ਕਹਿਣਾ ਏ ਕਿ 27 ਅਗਸਤ, 2024 ਨੂੰ ਡੈਮ ਦੀ ਕੰਧ ਦਾ ਅਸਲ ਝੁਕਾਅ 0.86 ਇੰਚ ਦਰਜ ਕੀਤਾ ਗਿਆ ਸੀ। ਦਫ਼ਤਰ ਨੇ ਕਿਹਾ ਕਿ ਡੈਮ ਦੇ ਤਣਾਅ, ਦਬਾਅ, ਪੋਰ ਪ੍ਰੈਸ਼ਰ ਅਤੇ ਰਿਸਾਅ ਦੇ ਸਾਰੇ ਮਾਪਦੰਡ ਨਿਰਧਾਰਤ ਹੱਦ ਦੇ ਅੰਦਰ ਨੇ ਅਤੇ ਡੈਮ ਪੂਰੀ ਤਰ੍ਹਾਂ ਸੁਰੱਖਿਅਤ ਏ । ਦਫ਼ਤਰ ਨੇ ਲੋਕਾਂ ਨੂੰ

ਸਨਸਨੀਖੇਜ਼ ਦਾਅਵਿਆਂ 'ਤੇ ਵਿਸ਼ਵਾਸ ਜਾਂ ਪ੍ਰਸਾਰ ਨਾ ਕਰਨ ਦੀ ਵੀ ਅਪੀਲ ਕੀਤੀ, ਕਿਉਂਕਿ ਇਸ ਨਾਲ ਬੇਲੋੜਾ ਡਰ ਅਤੇ ਦਹਿਸ਼ਤ ਫੈਲਾ ਸਕਦੀ ਏ ।

--------------------------------------------------------

ਪੰਜਾਬ ਨੂੰ ਕੂੜਾ-ਕਰਕਟ ਮੁਕਤ ਬਣਾਉਣ ਲਈ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੂਬੇ ਭਰ ਦੇ ਸਾਰੇ ਗਾਰਬੇਜ ਵੁਲਨੇਰੇਬਲ ਪੁਆਇੰਟਸ ਯਾਨੀ ਕੂੜਾ ਇਕੱਠਾ ਕਰਨ ਵਾਲੀਆਂ ਥਾਵਾਂ ਨੂੰ ਖ਼ਤਮ ਕਰਨ ਲਈ ਕੱਲ 29 ਅਗਸਤ ਤੋਂ 7 ਸਤੰਬਰ ਤੱਕ 10 ਦਿਨਾਂ ਲਈ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਉਣ ਦਾ ਐਲਾਨ ਕੀਤਾ ਏ । ਕੱਲ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਹਰਜੋਤ ਬੈਂਸ ਨੇ ਕਿਹਾ ਕਿ ਇਹ 10 ਰੋਜ਼ਾ ਮੁਹਿੰਮ ਸੂਬਾ ਸਰਕਾਰ ਦੀ ‘ਮਿਸ਼ਨ ਕਲੀਨ ਪੰਜਾਬ’ ਪਹਿਲਕਦਮੀ ਵਿੱਚ ਹੋਰ ਤੇਜ਼ੀ ਲਿਆਵੇਗੀ, ਜਿਸ ਤਹਿਤ ਸੀਨੀਅਰ ਅਧਿਕਾਰੀ ਪਹਿਲਾਂ ਹੀ ਸਵੇਰੇ 7 ਵਜੇ ਤੋਂ 8 ਵਜੇ ਤੱਕ ਰੋਜ਼ਾਨਾ ਜ਼ਮੀਨੀ ਪੱਧਰ ‘ਤੇ ਨਿਰੀਖਣ ਕਰ ਰਹੇ ਨੇ । ਇਸ ਮੁਹਿੰਮ ਵਿੱਚ ਸਾਰੇ ਵਿਧਾਇਕ, ਡਿਪਟੀ ਕਮਿਸ਼ਨਰ, ਨਗਰ ਨਿਗਮ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ, ਈਓਜ਼ ਅਤੇ ਗੈਰ ਸਰਕਾਰੀ ਸੰਗਠਨ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ 'ਐਮ ਸੇਵਾ' ਐਪ ਰਾਹੀਂ ਨਾਗਰਿਕ ਵੀ ਆਪਣੇ ਖੇਤਰਾਂ ਵਿੱਚ ਜੀ.ਵੀ.ਪੀਜ਼. ਦੀਆਂ ਫੋਟੋਆਂ ਅਪਲੋਡ ਕਰਕੇ ਇਸ ਮੁਹਿੰਮ ਵਿੱਚ ਸ਼ਾਮਲ ਹੋ ਸਕਦੇ ਨੇ ।

ਹਰੇਕ ਸ਼ਿਕਾਇਤ ਦੀ ਵੱਖਰੀ ਆਈ.ਡੀ ਤਿਆਰ ਹੋਵੇਗੀ, ਜਿਸ ਨਾਲ ਨਾਗਰਿਕ ਆਪਣੀ ਸ਼ਿਕਾਇਤ ਨੂੰ ਟਰੈਕ ਕਰ ਸਕਦੇ ਨੇ ਅਤੇ ਉਸ ਸਥਾਨ ਦੀ ਸਫ਼ਾਈ ਨੂੰ ਯਕੀਨੀ ਬਣਾਉਣ ਲਈ ਤੁਰੰਤ ਕਾਰਵਾਈ ਕੀਤੀ ਜਾਵੇਗੀ। ਇਹ ਮੁਹਿੰਮ ਹਰ ਸ਼ਹਿਰ ਅਤੇ ਕਸਬੇ ਵਿੱਚ ਕੂੜੇ-ਕਰਕਟ ਵਾਲੇ ਸਥਾਨਾਂ ਦੀ ਮੁਕੰਮਲ ਸਫ਼ਾਈ ਕਰਨ 'ਤੇ ਕੇਂਦਰਿਤ ਹੋਵੇਗੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਰਗੇ ਵੱਡੇ ਸ਼ਹਿਰਾਂ ਵਿੱਚ 600 ਅਤੇ ਪਟਿਆਲਾ ਵਿੱਚ ਲਗਭਗ 450 ਅਜਿਹੀਆਂ ਥਾਵਾਂ ਦੀ ਪਛਾਣ ਕੀਤੀ ਗਈ ਏ।

---------------------------------------------------------------

ਅੰਮ੍ਰਿਤਸਰ ਦੇ ਸੂਬਾ ਵਿਸ਼ੇਸ਼ ਆਪਰੇਸ਼ਨ ਸੈੱਲ ਅਤੇ ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਨੇ ਦੋ ਵੱਖ-ਵੱਖ ਕਾਰਵਾਈਆਂ ਵਿੱਚ, 6 ਮੁਲਜ਼ਮਾਂ ਨੂੰ ਕਾਬੂ ਕਰਕੇ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮੋਡਿਊਲਾਂ ਦਾ ਪਰਦਾਫਾਸ਼ ਕੀਤਾ ਏ। ਪੁਲਿਸ ਸੂਤਰਾਂ ਮੁਤਾਬਿਕ ਉਨ੍ਹਾਂ ਕੋਲੋਂ 8 ਆਧੁਨਿਕ ਪਿਸਤੌਲ ਅਤੇ ਕਰੀਬ 3 ਕਿਲੋ ਹੈਰੋਇਨ ਬਰਾਮਦ ਕੀਤੀ ਗਈ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਸਰਹੱਦ ਪਾਰੋਂ ਤਸਕਰੀ ਵਿੱਚ ਸ਼ਾਮਲ ਸਨ ਅਤੇ ਪੰਜਾਬ ਵਿੱਚ ਅਪਰਾਧੀ ਅਨਸਰਾਂ ਨੂੰ ਅੱਗੇ ਵੰਡਣ ਲਈ ਡਰੋਨ ਰਾਹੀਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ। ਇਸ ਸਬੰਧੀ ਵੱਖ-ਵੱਖ ਐਫ.ਆਈ.ਆਰ. (FIRs) ਦਰਜ ਕੀਤੀਆਂ ਗਈਆਂ ਨੇ ਅਤੇ ਅਗਲੇਰੀ ਜਾਂਚ ਜਾਰੀ ਏ।